# ਦਫ਼ਤਰ ਨਗਰ ਨਿਗਮ ਹੁਸ਼ਿਆਰਪੁਰ
# ਪ੍ਰੈਸ ਨੋਟ

## ਮੇਅਰ ਸ਼ਿਵ ਸੂਦ ਨੇ ਵਿਜੇ ਨਗਰ ਵਿਖੇ 20 ਲੱਖ ਰੁਪਏ ਦੀ ਲਾਗਤ ਨਾਲ ਬਣੇ ਟਿਊਬਵੈਲ ਦਾ ਕੀਤਾ ਉਦਘਾਟਨ

## ਆਉਣ ਵਾਲੇ ਗਰਮੀ ਦੇ ਮੌਸਮ ਵਿੱਚ ਸਹਿਰ ਵਾਸੀਆਂ ਨੂੰ ਪੀਣ ਵਾਲੇ ਪਾਣੀ ਦੀ ਕੋਈ ਕਮੀ ਨਹੀ ਰਹੇਗੀ.........ਮੇਅਰ ਸ਼ਿਵ ਸੂਦ

ਹੁਸ਼ਿਆਰਪੁਰ 24 ਦੰਸਬਰ ਨਗਰ ਨਿਗਮ ਹੁਸ਼ਿਆਰਪੁਰ ਦੇ ਵਾਰਡ ਨੰ: 14 ਵਿੱਚ ਆਉਣ ਵਾਲੇ ਗਰਮੀ ਦੇ ਮੌਸਮ ਦੌਰਾਨ ਪੀਣ ਵਾਲੇ ਪਾਣੀ ਦੀ ਕੋਈ ਕਮੀ ਨਹੀ ਆਵੇਗੀ। ਇਹ ਜਾਣਕਾਰੀ ਮੇਅਰ ਸ਼ਿਵ ਸੂਦ ਨੇ ਮੁਹੱਲਾ ਵਿਜੇ ਨਗਰ ਵਿਖੇ 20 ਲੱਖ ਰੁਪਏ ਦੀ ਲਾਗਤ ਨਾਲ ਬਣੇ ਟਿਊਬਵੈਲ ਦਾ ਉਦਘਾਟਨ ਕਰਨ ਮੌਕੇ ਦਿੱਤੀ। ਭਾਜਪਾ ਦੇ ਮੰਡਲ ਪ੍ਰਧਾਨ ਅਸ਼ਵਨੀ ਓਹਰੀ, ਵਿਨੋਦ ਪਰਮਾਰ ਅਤੇ ਵਾਰਡ ਨੰ: 14 ਦੇ ਕੌਂਸਲਰ ਬਲਵਿੰਦਰ ਬਿੰਦੀ ਵੀ ਇਸ ਮੌਕੇ ਤੇ ਉਹਨਾਂ ਦੇ ਨਾਲ ਸਨ। ਇਸ ਤੋਂ ਪਹਿਲਾਂ ਮੁਹੱਲਾ ਵਾਸੀਆਂ ਨੇ ਮੇਅਰ ਸ਼ਿਵ ਸੂਦ ਅਤੇ ਉਹਨਾਂ ਨਾਲ ਆਏ ਪਤਵੰਤਿਆਂ ਦਾ ਸਵਾਗਤ ਕੀਤਾ। ਮੇਅਰ ਸ਼ਿਵ ਸੂਦ ਨੇ ਇਸ ਮੌਕੇ ਤੇ ਮੁਹੱਲਾ ਵਾਸੀਆਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਦੱਸਿਆ ਕਿ ਮੁਹੱਲਾ ਵਾਸੀਆਂ ਵਲੋਂ ਪੀਣ ਵਾਲੇ ਪਾਣੀ ਦੀ ਮੰਗ ਨੂੰ ਪੂਰਾ ਕਰਦੇ ਹੋਏ ਇਹ ਨਵਾਂ ਟਿਊਬਵੈਲ ਲਗਾਇਆ ਗਿਆ ਹੈ। ਸ਼ਹਿਰ ਦੇ ਵੱਖ-ਵੱਖ ਵਾਰਡਾਂ ਵਿੱਚ ਕੌਂਸਲਰਾਂ ਵੱਲੋਂ ਕੀਤੀ ਗਈ ਮੰਗ ਅਨੁਸਾਰ ਨਵੇਂ ਟਿਊਬਵੈਲ ਲਗਾਏ ਜਾ ਰਹੇ ਹਨ, ਆਉਣ ਵਾਲੇ ਗਰਮੀ ਦੇ ਮੌਸਮ ਵਿੱਚ ਸ਼ਹਿਰ ਵਾਸੀਆਂ ਨੂੰ ਪੀਣ ਵਾਲੇ ਪਾਣੀ ਦੀ ਕੋਈ ਕਮੀ ਨਹੀ ਰਹੇਗੀ।

ਨਗਰ ਨਿਗਮ ਦੇ ਜੇ.ਈ (ਮਕੈਨੀਕਲ) ਅਸ਼ਵਨੀ ਕੁਮਾਰ ਸ਼ਰਮਾ, ਅਮਰਜੀਤ ਸਿੰਘ ਲਾਡੀ, ਐਡਵੋਕੇਟ ਬ੍ਰਿਜ ਮੋਹਨ ਵਾਲੀਆ, ਵਿਜੇ ਕੁਮਾਰ, ਅਸ਼ਵਨੀ ਸ਼ਰਮਾ, ਕੇਵਲ ਕ੍ਰਿਸ਼ਨ, ਦੇਸ ਰਾਜ, ਦੀਪਕ ਸਹਿਗਲ, ਗਿਆਨ ਮਹਿਤਾ, ਮਾਨਵ ਖੰਨਾ, ਰਾਜੇਸ਼ ਚੌਹਾਨ, ਨਿਸ਼ਾਂਤ ਤਾਂਗੜੀ, ਹਰਵੀਰ ਸਿੰਘ, ਗੁਰਮੇਲ, ਰਜਿੰਦਰ ਸਿੰਘ, ਰਾਜ ਕੁਮਾਰ, ਇਸ਼ਾਂਤ ਸਿੰਘ, ਅਨਿਲ ਕੁਮਾਰ, ਉੱਤਮ ਚੰਦ ਅਤੇ ਮੁਹੱਲਾ ਨਿਵਾਸੀ ਇਸ ਮੋਕੇ ਤੇ ਹਾਜਰ ਸਨ।